SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 24* Issue 05 | Wednesday, 8 January 2025 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ



# ਟਰੰਪ ਦੇ ਟੈਰਿਫ ਖਤਰੇ ਦੇ ਚਲਦੇ ਓਂਟਾਰੀਓ ਨੇ ਸਰਹੱਦ ਮਜ਼ਬੂਤ ਕਰਨ ਦੀ ਮੁਹਿੰਮ ਕੀਤੀ ਸ਼ੁਰੂ



ਟੋਰਾਂਟੋ, 7 ਜਨਵਰੀ (ਪੋਸਟ ਬਿਊਰੋ): ਓਂਟਾਰੀਓ ਸਰਕਾਰ ਨੇ ਕਿਹਾ ਹੈ ਕਿ ਉਨ੍ਹਾਂ ਨੇ ਸੰਯੁਕਤ ਰਾਜ ਅਮਰੀਕਾ ਨਾਲ ਸੀਮਾ 'ਤੇ ਸੁਰੱਖਿਆ ਵਧਾਉਣ ਦੇ ਉਦੇਸ਼ ਨਾਲ ਇੱਕ ਮੁਹਿੰਮ ਸ਼ੁਰੂ ਕੀਤੀ ਹੈ।

ਇੱਕ ਪ੍ਰੈੱਸ ਰਿਲੀਜ਼ ਵਿੱਚ ਪ੍ਰੀਮੀਅਰ ਡਗ ਫੋਰਡ ਨੇ ਕਿਹਾ ਕਿ ਆਪਰੇਸ਼ਨ ਡਿਟਰੈਂਸ ਗ਼ੈਰਕਾਨੂੰਨੀ ਸੀਮਾ ਪਾਰ ਕਰਨ ਅਤੇ ਗ਼ੈਰਕਾਨੂੰਨੀ ਬੰਦੂਕਾਂ ਅਤੇ ਡਰਗਜ਼ 'ਤੇ ਨੁਕੇਲ ਕਸੇਗਾ।

ਇਹ ਤੱਦ ਹੋਇਆ ਜਦੋਂ ਅਮਰੀਕਾ ਦੇ ਨਵੇਂ ਚੁਣੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕੈਨੇਡਾ ਦੇ ਸਾਮਾਨ 'ਤੇ 25 ਫ਼ੀਸਦੀ ਟੈਰਿਫ ਲਗਾਉਣ ਦੀ ਧਮਕੀ ਦਿੱਤੀ, ਜਦੋਂ ਤੱਕ ਕਿ ਕੈਨੇਡਾ ਸੀਮਾ ਸੁਰੱਖਿਆ ਨੂੰ ਸਖਤ ਨਹੀਂ ਕਰਦਾ, ਜਿਸ ਵਿੱਚ ਫੇਂਟੇਨਾਇਲ ਅਤੇ ਗ਼ੈਰਕਾਨੂੰਨੀ ਕਰਾਸਿੰਗ 'ਤੇ ਜ਼ੋਰ ਦਿੱਤਾ ਗਿਆ।

ਆਪਰੇਸ਼ਨ ਦੇ ਹਿੱਸੇ ਦੇ ਰੂਪ ਵਿੱਚ ਓਂਟਾਰੀਓ ਨੇ ਕਿਹਾ ਕਿ ਪ੍ਰਵਿਨਸ਼ੀਅਲ ਪੁਲਿਸ ਕੋਲ ਸੀਮਾ ਸੁਰੱਖਿਆ ਨੂੰ ਵਧਾਉਣ 'ਤੇ ਕੇਂਦਰਿਤ 200 ਅਧਿਕਾਰੀਆਂ ਦੀ ਇੱਕ ਐਮਰਜੈਂਸੀ ਪ੍ਰਤੀਕਿਰਿਆ ਟੀਮ ਹੈ।

ਸੂਬੇ ਦਾ ਕਹਿਣਾ ਹੈ ਕਿ ਆਪਰੇਸ਼ਨ, ਜਿਸਨੂੰ ਉਹ ਤਿਆਰੀ ਅਤੇ ਨਿਯੋਜਨ ਢਾਂਚੇ ਦੇ ਰੂਪ ਵਿੱਚ ਵਰਣਿਤ ਕਰਦਾ ਹੈ, ਸਮੂਹ ਸੀਮਾ ਏਜੰਟਾਂ ਵੱਲੋਂ ਸੰਚਾਲਿਤ 14 ਆਧਿਕਾਰਿਕ ਸੀਮਾ ਕ੍ਰਾਸਿੰਗ ਦੇ ਬਾਹਰ ਦੀਆਂ ਗਤੀਵਿਧੀਆਂ ਨੂੰ ਦੇਖੇਗਾ।

ਰਿਲੀਜ਼ ਵਿੱਚ ਕਿਹਾ ਗਿਆ ਹੈ ਕਿ ਓਂਟਾਰੀਓ ਦੇ ਅਧਿਕਾਰੀਆਂ ਨੇ ਸੀਮਾ 'ਤੇ ਸਹਿਯੋਗ ਨੂੰ ਬੜਾਵਾ ਦੇਣ ਲਈ ਸ਼ੁੱਕਰਵਾਰ ਨੂੰ ਸਮੂਹ ਅਧਿਕਾਰੀਆਂ ਨਾਲ ਇੱਕ ਅਭਿਆਸ ਵਿੱਚ ਭਾਗ ਲਿਆ।

# ਐਡਮਿੰਟਨ ਸੈਕੰਡ ਡਿਗਰੀ ਕਤਲ ਦੇ ਦੋਸ਼ ਵਿੱਚ ਇੱਕ ਵਿਅਕਤੀ ਦੋਸ਼ੀ ਕਰਾਰ




ਐਡਮਿੰਟਨ, 7 ਜਨਵਰੀ (ਪੋਸਟ ਬਿਊਰੋ): ਐਡਮਿੰਟਨ ਪੁਲਿਸ ਨੇ ਐਤਵਾਰ ਨੂੰ ਦੱਸਿਆ ਕਿ ਪਿਛਲੇ ਮਹੀਨੇ ਉੱਤਰੀ ਸਸਕੇਚੇਵਾਨ ਨਦੀ ਦੇ ਤਟ 'ਤੇ ਮ੍ਰਿਤ ਪਾਈ ਗਈ ਇੱਕ ਔਰਤ ਦੇ ਸੈਕੰਡ ਡਿਗਰੀ ਕਤਲ ਦੇ ਦੋਸ਼ ਵਿੱਚ ਇੱਕ ਵਿਅਕਤੀ ਨੂੰ ਦੋਸ਼ੀ ਕਰਾਰ ਦਿੱਤਾ ਗਿਆ ਹੈ।

ਐਡਮਿੰਟਨ ਪੁਲਿਸ ਸੇਵਾ ਨੇ ਦੱਸਿਆ ਕਿ 31 ਸਾਲਾ ਡੈਨੀਅਲ ਬੂਥਮੈਨ ਨੂੰ ਸ਼ੁੱਕਰਵਾਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਸ 'ਤੇ ਚਾਰਜਿਜ਼ ਲਗਾਇਆ ਗਿਆ। ਚਾਰ ਦਿਨ ਪਹਿਲਾਂ ਏਸ਼ਲੇ ਬਰਕ (43) ਨੂੰ ਵ੍ਹਾਈਟਮਡ ਪਾਰਕ ਕੋਲ ਪੱਛਮ-ਸੈਂਟਰਲ ਐਡਮਿੰਟਨ ਵਿੱਚ ਕਵੇਸਨੇਲ ਬ੍ਰਿਜ ਦੇ ਪੂਰਵ ਵਿੱਚ ਨਦੀ ਦੇ ਕੰਡੇ ਮ੍ਰਿਤ ਪਾਇਆ ਗਿਆ ਸੀ।

# ਰਾਸ਼ਟਰਪਤੀ ਚੋਣਾਂ ਵਿੱਚ ਟਰੰਪ ਦੀ ਜਿੱਤ 'ਤੇ ਲੱਗੀ ਮੋਹਰ, ਕਮਲਾ ਹੈਰਿਸ ਨੇ ਜਿੱਤ ਦਾ ਕੀਤਾ ਐਲਾਨ



ਵਾਸ਼ਿੰਗਟਨ, 7 ਜਨਵਰੀ (ਪੋਸਟ ਬਿਊਰੋ): ਅਮਰੀਕਾ ਵਿੱਚ ਰਾਸ਼ਟਰਪਤੀ ਚੋਣਾਂ ਵਿੱਚ ਡੋਨਾਲਡ ਟਰੰਪ ਦੀ ਜਿੱਤ 'ਤੇ ਸੋਮਵਾਰ ਨੂੰ ਮੋਹਰ ਲੱਗ ਗਈ। ਇਲੈਕਟੋਰਲ ਵੋਟਾਂ ਦੀ ਗਿਣਤੀ ਤੋਂ ਬਾਅਦ ਉਪ ਰਾਸ਼ਟਰਪਤੀ ਕਮਲਾ ਹੈਰਿਸ ਨੇ ਟਰੰਪ ਨੂੰ ਜੇਤੂ ਐਲਾਨ ਦਿੱਤਾ। ਟਰੰਪ ਦੀ ਜਿੱਤ 6 ਨਵੰਬਰ ਨੂੰ ਤੈਅ ਹੋ ਗਈ ਸੀ, ਪਰ ਇਸ ਦਾ ਅਧਿਕਾਰਤ ਤੌਰ 'ਤੇ ਕੱਲ੍ਹ ਐਲਾਨ ਕੀਤਾ ਗਿਆ ਸੀ।

ਇਲੈਕਟੋਰਲ ਕਾਲਜ ਦੀਆਂ ਵੋਟਾਂ ਦੀ ਗਿਣਤੀ ਅਮਰੀਕੀ ਸੰਸਦ ਕੈਪੀਟਲ ਹਿੱਲ ਵਿੱਚ ਹਾਊਸ ਆਫ ਰਿਪ੍ਰਜ਼ੈਂਟੇਟਿਵਜ਼ ਅਤੇ ਕਾਂਗਰਸ ਦੇ ਦੋਵੇਂ ਸਦਨਾਂ ਸੈਨੇਟ ਦੇ ਸਾਂਝੇ ਸੈਸ਼ਨ ਵਿੱਚ ਕੀਤੀ ਗਈ। ਇਸ ਪ੍ਰਕਿਰਿਆ ਦੀ ਪ੍ਰਧਾਨਗੀ ਉਪ ਰਾਸ਼ਟਰਪਤੀ ਨੇ ਕੀਤੀ ਕਿਉਂਕਿ ਉਹ ਸੈਨੇਟ ਦੇ ਪ੍ਰਧਾਨ ਹਨ।

ਜਿੱਤ ਦੇ ਅਧਿਕਾਰਤ ਐਲਾਨ ਤੋਂ ਬਾਅਦ ਟਰੰਪ ਨੇ ਸੋਸ਼ਲ ਮੀਡੀਆ 'ਤੇ ਲਿਖਿਆ ਕਿ ਕਾਂਗਰਸ (ਅਮਰੀਕੀ ਸੰਸਦ) ਨੇ ਅੱਜ ਸਾਡੀ ਚੋਣ ਜਿੱਤ ਨੂੰ ਪ੍ਰਮਾਣਿਤ ਕੀਤਾ। ਇਹ ਇਤਿਹਾਸ ਦਾ ਵੱਡਾ ਪਲ ਹੈ।

ਅਮਰੀਕਾ ਵਿੱਚ 5 ਨਵੰਬਰ ਨੂੰ ਰਾਸ਼ਟਰਪਤੀ ਚੋਣਾਂ ਹੋਈਆਂ ਸਨ। ਇਸ ਵਿੱਚ ਟਰੰਪ ਦੀ ਜਿੱਤ ਹੋਈ ਸੀ। ਟਰੰਪ ਨੂੰ 312 ਇਲੈਕਟੋਰਲ ਵੋਟਾਂ ਮਿਲੀਆਂ ਜਦਕਿ ਉਨ੍ਹਾਂ ਦੀ ਵਿਰੋਧੀ ਕਮਲਾ ਹੈਰਿਸ ਨੂੰ ਸਿਰਫ਼ 226 ਇਲੈਕਟੋਰਲ ਵੋਟਾਂ ਮਿਲੀਆਂ। ਚੋਣ ਜਿੱਤਣ ਲਈ ਉਮੀਦਵਾਰ ਨੂੰ 270 ਇਲੈਕਟੋਰਲ ਵੋਟਾਂ ਦੀ ਲੋੜ ਹੁੰਦੀ ਹੈ।

ਟਰੰਪ ਜਿੱਤ ਦੇ ਅਧਿਕਾਰਤ ਐਲਾਨ ਤੋਂ 13 ਦਿਨ ਬਾਅਦ 20 ਜਨਵਰੀ ਨੂੰ ਅਹੁਦੇ ਦੀ ਸਹੁੰ ਚੁੱਕਣਗੇ। ਕੈਪੀਟਲ ਹਿੱਲ ਦੇ ਆਲੇ-ਦੁਆਲੇ ਕੰਡਿਆਲੀ ਤਾਰ ਲਗਾਈ ਗਈ ਸੀ ਅਤੇ ਇਸ ਮਹੀਨੇ ਦੇ ਅੰਤ ਵਿਚ ਹੋਣ ਵਾਲੇ ਸਾਂਝੇ ਸੈਸ਼ਨ ਅਤੇ ਟਰੰਪ ਦੇ ਸਹੁੰ ਚੁੱਕ ਸਮਾਗਮ ਲਈ ਭਾਰੀ ਸੁਰੱਖਿਆ ਪ੍ਰਬੰਧ ਕੀਤੇ ਗਏ ਸਨ।

# ਕੇਲੋਨਾ ਅਪਾਰਟਮੈਂਟ ਵਿਚ ਲੱਗਣ ਕਾਰਨ ਇੱਕ ਵਿਅਕਤੀ ਹਸਪਤਾਲ 'ਚ ਦਾਖਲ



ਵੈਨਕੂਵਰ, 7 ਜਨਵਰੀ (ਪੋਸਟ ਬਿਊਰੋ): ਫਾਇਰਫਾਈਟਰਜ਼ ਨੇ ਸੋਮਵਾਰ ਦੁਪਹਿਰ ਕੇਲੋਨਾ ਸ਼ਹਿਰ ਦੇ ਨੇੜੇ ਇੱਕ ਘੱਟ ਉਚਾਈ ਵਾਲੀ ਅਪਾਰਟਮੈਂਟ ਇਮਾਰਤ ਦੀ ਤੀਜੀ ਮੰਜ਼ਿਲ 'ਤੇ ਲੱਗੀ ਅੱਗ ਨੂੰ ਬੁਝਾਇਆ।

ਕੇਲੋਨਾ ਫਾਇਰ ਵਿਭਾਗ ਦਾ ਕਹਿਣਾ ਹੈ ਕਿ ਫਾਇਰਕਰਮੀ ਦੁਪਹਿਰ 2 ਵਜੇ ਰੋਕਲਿਫ ਏਵੇਨਿਊ ਦੇ 500 ਬਲਾਕ 'ਤੇ ਪਹੁੰਚੇ, ਜਿੱਥੇ ਇੱਕ ਯੂਨਿਟ 'ਚੋਂ ਭਾਰੀ ਮਾਤਰਾ ਵਿੱਚ ਕਾਲਾ ਧੂੰਆਂ ਨਿਕਲ ਰਿਹਾ ਸੀ।

ਪਲੈਟੂਨ ਕੈਪਟਨ ਕੋਰੀ ਲੈਂਗ ਨੇ ਦੱਸਿਆ ਪੰਜ ਫਾਇਰ ਬ੍ਰਿਗੇਡ ਗੱਡੀਆਂ, ਦੋ ਪੌੜੀ ਟਰੱਕ, ਇੱਕ ਬਚਾਅ ਟਰੱਕ ਅਤੇ ਇੱਕ ਕਮਾਂਡ ਵਾਹਨ ਨੂੰ ਘਟਨਾ ਸਥਾਨ 'ਤੇ ਭੇਜਿਆ।

ਫਾਇਰਕਰਮੀ ਅੱਗ ਨੂੰ ਇੱਕ ਯੂਨਿਟ ਤੱਕ ਸੀਮਤ ਰੱਖਣ ਵਿੱਚ ਸਫਲ ਰਹੇ, ਪਰ ਇਸਦੇ ਹੇਠਾਂ ਦੇ ਕਮਰਿਆਂ ਵਿੱਚ ਪਾਣੀ ਭਰ ਗਿਆ ਅਤੇ ਧੂੰਆਂ ਪੂਰੀ ਤੀਜੀ ਮੰਜ਼ਿਲ ਤੱਕ ਫੈਲ ਗਿਆ।

ਲੈਂਗ ਨੇ ਦੱਸਿਆ ਕਿ ਇੱਕ ਨਿਵਾਸੀ ਨੂੰ ਸੱਟਾਂ ਦੇ ਚਲਦੇ ਹਸਪਤਾਲ ਲਿਜਾਇਆ ਗਿਆ। ਐਮਰਜੈਂਸੀ ਸੋਸ਼ਲ ਸੇਵਾਵਾਂ ਨੂੰ ਮਦਦ ਲਈ ਤੈਨਾਤ ਕੀਤਾ ਗਿਆ।

# ਨਾਰਥ ਯਾਰਕ ਵਿੱਚ ਲੁਟੇਰਿਆਂ ਦੀ ਭਾਲ ਦੌਰਾਨ ਟੋਰਾਂਟੋ ਪੁਲਿਸ ਅਧਿਕਾਰੀ ਜ਼ਖ਼ਮੀ




ਟੋਰਾਂਟੋ, 7 ਜਨਵਰੀ (ਪੋਸਟ ਬਿਊਰੋ): ਸੋਮਵਾਰ ਦੁਪਹਿਰ ਨੂੰ ਨਾਰਥ ਯਾਰਕ ਵਿੱਚ ਡਕੈਤੀ ਦੇ ਕਈ ਮੁਲਜ਼ਮਾਂ ਦੀ ਭਾਲ ਦੌਰਾਨ ਟੋਰਾਂਟੋ ਪੁਲਿਸ ਅਧਿਕਾਰੀ ਦੇ ਪੈਰ ਵਿੱਚ ਸੱਟ ਲੱਗ ਗਈ।

ਲੁੱਟ ਡਾਊਂਸਵਿਊ ਆਊਟਲੇਟ ਵਿੱਚ ਕੀਲ ਸਟਰੀਟ ਅਤੇ ਵਿਲਸਨ ਏਵੇਨਿਊ ਕੋਲ ਹੋਈ। ਟੋਰਾਂਟੋ ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ਾਮ 4:40 ਵਜੇ ਉਸ ਇਲਾਕੇ ਵਿੱਚ ਬੁਲਾਇਆ ਗਿਆ ਸੀ।

ਉਨ੍ਹਾਂ ਨੇ ਕਿਹਾ ਕਿ ਕਈ ਬਦਮਾਸ਼ਾਂ ਨੇ ਇੱਕ ਨੀਲੀ ਕਾਰ ਵਿੱਚ ਪਹਿਲਾਂ ਇੱਕ ਦੁਕਾਨ ਨੂੰ ਲੁੱਟਿਆ ਸੀ। ਉਹ ਵਾਹਨ, ਜਿਸਨੂੰ ਪੁਲਿਸ ਨੇ ਦੇਖਿਆ ਸੀ, ਉਸਤੋਂ ਕੁੱਝ ਸਮੇਂ ਬਾਅਦ ਫਿੰਚ ਏਵੇਨਿਊ ਵੇਸਟ ਅਤੇ ਚੇਸਵੁਡ ਡਰਾਈਵ ਕੋਲ ਯਾਰਕ ਯੂਨੀਵਰਸਿਟੀ ਹਾਈਟਸ ਇਲਾਕੇ ਵਿੱਚ ਇੱਕ ਹਾਦਸੇ ਵਿੱਚ ਸ਼ਾਮਿਲ ਦੇਖਿਆ ਗਿਆ ਸੀ।

ਜਾਂਚਕਰਤਾਵਾਂ ਨੇ ਕਿਹਾ ਕਿ ਕਈ ਸ਼ੱਕੀ ਹਾਦਸੇ ਤੋਂ ਬਾਅਦ ਪੈਦਲ ਭੱਜ ਗਏ, ਪਰ ਅਧਿਕਾਰੀਆਂ ਨੇ ਉਨ੍ਹਾਂ ਦਾ ਪਿੱਛਾ ਕੀਤਾ ਅਤੇ ਗ੍ਰਿਫਤਾਰ ਕਰ ਲਿਆ। ਚਾਰ ਅਣਪਛਾਤੇ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਚਾਰਜਿਜ਼ ਬਾਰੇ ਹਾਲੇ ਕੁਝ ਦੱਸਿਆ ਨਹੀਂ ਗਿਆ ਹੈ। ਜਾਂਚ ਦੇ ਚਲਦੇ ਫਿੰਚ ਫਿਲਹਾਲ ਚੈਸਵੁੱਡ ਵਿਚ ਦੋਨਾਂ ਦਿਸ਼ਾਵਾਂ ਤੋਂ ਬੰਦ ਹੈ।

# ਚੰਡੀਗੜ੍ਹ ਵਿੱਚੋਂ ਯੂਟੀ ਸਲਾਹਕਾਰ ਦਾ ਅਹੁਦਾ ਖ਼ਤਮ, ਸਲਾਹਕਾਰ ਦਾ ਅਹੁਦਾ ਮੁੱਖ ਸਕੱਤਰ ਦੇ ਅਹੁਦੇ ਵਿੱਚ ਤਬਦੀਲ



ਚੰਡੀਗੜ੍ਹ, 7 ਜਨਵਰੀ (ਪੋਸਟ ਬਿਊਰੋ): ਕੇਂਦਰੀ ਗ੍ਰਹਿ ਮੰਤਰਾਲੇ ਨੇ ਪੰਜਾਬ ਤੇ ਹਰਿਆਣਾ ਦੀ ਰਾਜਧਾਨੀ ਚੰਡੀਗੜ੍ਹ ਵਿੱਚੋਂ ਯੂਟੀ ਸਲਾਹਕਾਰ ਦੇ ਅਹੁਦੇ ਨੂੰ ਖ਼ਤਮ ਕਰ ਦਿੱਤਾ ਹੈ। ਇਸ ਦੇ ਨਾਲ ਹੀ ਕੇਂਦਰੀ ਗ੍ਰਹਿ ਮੰਤਰਾਲੇ ਨੇ ਸਲਾਹਕਾਰ ਦੇ ਅਹੁਦੇ ਨੂੰ ਮੁੱਖ ਸਕੱਤਰ ਦੇ ਅਹੁਦੇ ਵਿੱਚ ਤਬਦੀਲ ਕਰ ਦਿੱਤਾ ਹੈ। ਕੇਂਦਰ ਸਰਕਾਰ ਵੱਲੋਂ ਸਲਾਹਕਾਰ ਦੇ ਅਹੁਦੇ 'ਤੇ ਸੀਨੀਅਰ ਆਈਏਐੱਸ ਅਧਿਕਾਰੀ ਨੂੰ ਤਾਇਨਾਤ ਕੀਤਾ ਜਾਂਦਾ ਹੈ, ਜੋ ਯੂਟੀ ਪ੍ਰਸ਼ਾਸਕ ਦੇ ਅਧੀਨ ਯੂਟੀ ਦਾ ਸਾਰਾ ਕੰਮ-ਕਾਜ ਦੇਖਦਾ ਹੈ। ਹੁਣ ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਜਾਰੀ ਨਵੇਂ ਆਦੇਸ਼ਾਂ ਅਨੁਸਾਰ ਯੂਟੀ ਪ੍ਰਸ਼ਾਸਕ ਅਧੀਨ ਮੁੱਖ ਸਕੱਤਰ ਵੱਲੋਂ ਸਾਰਾ ਕੰਮਕਾਜ ਦੇਖਿਆ ਜਾਵੇਗਾ। ਜ਼ਿਕਰਯੋਗ ਹੈ ਕਿ ਚੰਡੀਗੜ੍ਹ ਵਿੱਚ ਮੌਜੂਦਾ ਸਮੇਂ ਰਾਜੀਵ ਵਰਮਾ ਯੂਟੀ ਪ੍ਰਸ਼ਾਸਕ ਦੇ ਸਲਾਹਕਾਰ ਵਜੋਂ ਸੇਵਾਵਾਂ ਨਿਭਾਅ ਰਹੇ ਹਨ।

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

MagGas Medical Brampton
MGM
MAGGAS MEDICAL INC.
Helping you breathe deep and rest easy.
• CPAP ਮਸ਼ੀਨ, ਮਾਸਕ ਅਤੇ ਸਪਲਾਈ
• ਮੁਫ਼ਤ ਸਲਾਹ
• ਮੁਫ਼ਤ ਡਿਲੀਵਰੀ
(647) 954-9885
20 Maritime Ont Blvd
Unit 15
Brampton, ON L6S 0C2

ਨਵਾਂ ਘਾਹ ਲਵਾਉ
647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਕੈਨੇਡਾ ਦੀ ਅਮਰੀਕਾ 'ਚ ਸ਼ਾਮਿਲ ਹੋਣ ਦੀ ਪੇਸ਼ਕਸ਼ ਟਰੰਪ ਨੇ ਫਿਰ ਦੁਹਰਾਈ, ਕਿਹਾ- ਅਮਰੀਕਾ ਹੁਣ ਹੋਰ ਸਬਸਿਡੀ ਨਹੀਂ ਦੇ ਸਕਦਾ

ਵਾਸ਼ਿੰਗਟਨ, 7 ਜਨਵਰੀ (ਪੋਸਟ ਬਿਊਰੋ): ਅਮਰੀਕਾ ਦੇ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੋਮਵਾਰ ਨੂੰ ਇਕ ਵਾਰ ਫਿਰ ਕੈਨੇਡਾ ਨੂੰ ਅਮਰੀਕਾ ਦਾ 51ਵਾਂ ਰਾਜ ਬਣਨ ਦੀ ਪੇਸ਼ਕਸ਼ ਕੀਤੀ ਹੈ। ਟਰੰਪ ਨੇ ਇਹ ਪੇਸ਼ਕਸ਼ ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਅਸਤੀਫੇ ਤੋਂ ਕੁਝ ਘੰਟੇ ਬਾਅਦ ਹੀ ਸੋਸ਼ਲ ਮੀਡੀਆ ਰਾਹੀਂ ਕੀਤੀ ਹੈ।



ਟਰੰਪ ਨੇ ਕਿਹਾ ਕਿ ਅਮਰੀਕਾ ਹੁਣ ਕੈਨੇਡਾ ਨਾਲ ਹੋਰ ਵਪਾਰਕ ਘਾਟਾ ਨਹੀਂ ਝੱਲ ਸਕਦਾ ਅਤੇ ਨਾ ਹੀ ਹੋਰ ਸਬਸਿਡੀਆਂ ਦੇ ਸਕਦਾ ਹੈ। ਕੈਨੇਡਾ ਨੂੰ ਆਪਣੇ ਬਚਾਅ ਲਈ ਇਸ ਦੀ ਸਖ਼ਤ ਲੋੜ ਹੈ। ਟਰੂਡੋ ਨੂੰ ਇਹ ਪਤਾ ਸੀ, ਇਸ ਲਈ ਉਨ੍ਹਾਂ ਅਸਤੀਫਾ ਦੇ ਦਿੱਤਾ।

ਟਰੰਪ ਨੇ ਕਿਹਾ ਕਿ ਜੇਕਰ ਕੈਨੇਡਾ ਅਮਰੀਕਾ ਨਾਲ ਜੁੜ ਜਾਂਦਾ ਹੈ ਤਾਂ ਕੋਈ ਟੈਰਿਫ ਨਹੀਂ ਹੋਵੇਗਾ, ਟੈਕਸ ਬਹੁਤ ਘੱਟ ਹੋ ਜਾਣਗੇ। ਇਸ ਨਾਲ ਕੈਨੇਡਾ ਰੂਸੀ ਅਤੇ ਚੀਨੀ ਜਹਾਜ਼ਾਂ ਦੇ ਖਤਰੇ ਤੋਂ ਪੂਰੀ ਤਰ੍ਹਾਂ ਸੁਰੱਖਿਅਤ ਹੋ ਜਾਵੇਗਾ।

ਟਰੂਡੋ ਨੇ ਨਵੰਬਰ 2024 ਵਿੱਚ ਫਲੋਰੀਡਾ ਵਿੱਚ ਟਰੰਪ ਨਾਲ ਮੁਲਾਕਾਤ ਕੀਤੀ ਸੀ। ਇਸ ਦੌਰਾਨ ਵੀ ਟਰੰਪ ਨੇ ਮਜ਼ਾਕ ਵਿਚ ਕੈਨੇਡਾ ਨੂੰ ਅਮਰੀਕਾ ਦਾ 51ਵਾਂ ਸੂਬਾ ਬਣਾਉਣ ਦੀ ਪੇਸ਼ਕਸ਼ ਕੀਤੀ ਸੀ। ਬਾਅਦ 'ਚ ਟਰੰਪ ਨੇ ਸੋਸ਼ਲ ਮੀਡੀਆ 'ਤੇ ਅਜਿਹੀ ਹੀ ਗੱਲ ਲਿਖ ਕੇ ਟਰੂਡੋ ਨੂੰ ਕੈਨੇਡਾ ਦਾ ਗਵਰਨਰ ਕਿਹਾ ਸੀ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba 416-669-1423
Broker, CRA www.purbahomes.com

The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services



# ਦਿੱਲੀ ਵਿਧਾਨ ਸਭਾ ਦੀਆਂ ਚੋਣਾਂ ਦੀ ਤਾਰੀਖ ਦਾ ਹੋਇਆ ਐਲਾਨ, 5 ਫਰਵਰੀ ਨੂੰ ਪੈਣਗੀਆਂ ਵੋਟਾਂ

ਨਵੀਂ ਦਿੱਲੀ, 7 ਜਨਵਰੀ (ਪੋਸਟ ਬਿਊਰੋ): ਮੁੱਖ ਚੋਣ ਅਧਿਕਾਰੀ ਨੇ ਦਿੱਲੀ ਵਿਧਾਨ ਸਭਾ ਚੋਣਾਂ ਲਈ ਤਾਰੀਖ਼ਾਂ ਦਾ ਐਲਾਨ ਕੀਤਾ ਹੈ। ਦਿੱਲੀ ਅਸੈਂਬਲੀ ਦੀਆਂ 70 ਸੀਟਾਂ ਲਈ ਵੋਟਾਂ 5 ਫਰਵਰੀ ਨੂੰ ਪੈਣਗੀਆਂ ਅਤੇ ਵੋਟਾਂ ਦੀ ਗਿਣਤੀ ਲਈ 8 ਫਰਵਰੀ ਤੈਅ ਕੀਤੀ ਗਈ ਹੈ। ਚੋਣਾਂ ਦੇ ਐਲਾਨ ਤੋਂ ਬਾਅਦ ਸਿਆਸੀ ਪਾਰਟੀਆਂ ਕੋਲ ਇਕ ਮਹੀਨੇ ਦਾ ਸਮਾਂ ਹੈ।




ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਮੰਗਲਵਾਰ ਨੂੰ ਸਿਆਸੀ ਪਾਰਟੀਆਂ ਨੂੰ ਚੋਣਾਂ ਦੌਰਾਨ ਮਰਿਆਦਾ ਬਰਕਰਾਰ ਰੱਖਣ ਦੀ ਅਪੀਲ ਕਰਦਿਆਂ ਕਿਹਾ ਕਿ ਚੋਣ ਕਮਿਸ਼ਨ ਨਿਰਪੱਖਤਾ ਨੂੰ ਯਕੀਨੀ ਬਣਾਉਣ ਲਈ ਜਾਂਚ ਕਰੇਗਾ। ਕੁਮਾਰ ਦਿੱਲੀ ਵਿੱਚ ਵਿਧਾਨ ਸਭਾ ਚੋਣਾਂ ਦੇ ਪ੍ਰੋਗਰਾਮ ਦਾ ਐਲਾਨ ਕਰਨ ਲਈ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਕਿਹਾ ਕਿ ਅਸੀਂ ਪੈਸਾ-ਮੁਕਤ ਚੋਣਾਂ ਨੂੰ ਯਕੀਨੀ ਬਣਾਉਣ ਲਈ ਸਾਰਿਆਂ ਦੀ ਜਾਂਚ ਕਰਾਂਗੇ। ਹਾਲ ਹੀ ਦੀਆਂ ਚੋਣਾਂ ਦੌਰਾਨ ਰੌਲਾ ਪਾਇਆ ਗਿਆ ਕਿ ਕੁਝ ਹੈਲੀਕਾਪਟਰਾਂ ਦੀ ਜਾਂਚ ਕੀਤੀ ਗਈ। ਲੋਕ ਪੋਲਿੰਗ ਅਫਸਰਾਂ ਨੂੰ ਧਮਕੀਆਂ ਤੱਕ ਵੀ ਦਿੰਦੇ ਹਨ।

ਉਨ੍ਹਾਂ ਕਿਹਾ ਕਿ ਸਟਾਰ ਪ੍ਰਚਾਰਕਾਂ ਅਤੇ ਸਿਆਸੀ ਪ੍ਰਚਾਰ ਕਰਨ ਵਾਲਿਆਂ ਦਾ ਇਹ ਫ਼ਰਜ਼ ਬਣਦਾ ਹੈ ਕਿ ਉਹ ਇਹ ਯਕੀਨੀ ਬਣਾਉਣ ਕਿ ਸ਼ਿਸ਼ਟਾਚਾਰ ਦੀ ਪਾਲਣਾ ਕੀਤੀ ਜਾਵੇ, ਅਸੀਂ ਬਹੁਤ ਸਖ਼ਤ ਹੋਵਾਂਗੇ। ਸਟਾਰ ਪ੍ਰਚਾਰਕਾਂ ਨੂੰ ਅਜਿਹਾ ਕੰਮ ਨਹੀਂ ਕਰਨਾ ਚਾਹੀਦਾ ਜਿਸ ਨਾਲ ਆਮ ਵੋਟਰਾਂ ਨੂੰ ਨਿਰਾਸ਼ ਕੀਤਾ ਜਾਵੇ। ਜ਼ਿਕਰਯੋਗ ਹੈ ਕਿ ਦੋ ਵਿਧਾਨ ਸਭਾ ਹਲਕਿਆਂ ਉੱਤਰ ਪ੍ਰਦੇਸ਼ ਦੇ ਮਿਲਕੀਪੁਰ ਅਤੇ ਤਾਮਿਲਨਾਡੂ ਦੇ ਇਰੋਡ ਲਈ ਵੀ ਜ਼ਿਮਨੀ ਚੋਣਾਂ ਉਸੇ ਮਿਤੀ ਨੂੰ ਹੋਣਗੀਆਂ।

## ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਵੱਖ-ਵੱਖ ਯੂਨੀਅਨਾਂ ਨਾਲ ਉਨ੍ਹਾਂ ਦੀਆਂ ਮੰਗਾਂ ਸਬੰਧੀ ਮੀਟਿੰਗਾਂ

ਚੰਡੀਗੜ੍ਹ, 7 ਜਨਵਰੀ (ਪੋਸਟ ਬਿਊਰੋ): ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ 'ਪਾਵਰਕਾਮ ਅਤੇ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ', 'ਕੰਪਿਊਟਰ ਅਧਿਆਪਕ ਭੁੱਖ ਹੜਤਾਲ ਸੰਘਰਸ਼ ਕਮੇਟੀ', 'ਕੰਪਿਊਟਰ ਅਧਿਆਪਕ ਯੂਨੀਅਨ', 'ਬੇਰੁਜ਼ਗਾਰ ਸਾਂਝਾ ਮੋਰਚਾ' ਅਤੇ 'ਭਾਰਤ ਨੇਤਰਹੀਣ ਸੇਵਕ ਸਮਾਜ' ਨਾਲ ਮੀਟਿੰਗਾਂ ਕਰਕੇ ਇੰਨ੍ਹਾਂ ਯੂਨੀਅਨਾਂ ਦੀਆਂ ਪੰਜਾਬ ਸਰਕਾਰ ਨਾਲ ਸਬੰਧਤ ਮੰਗਾਂ ਅਤੇ ਮੁੱਦਿਆਂ ਬਾਰੇ ਵਿਸਥਾਰ ਵਿੱਚ ਚਰਚਾ ਕਰਦਿਆਂ ਇੰਨ੍ਹਾਂ ਦੇ ਹੱਲ ਵੱਲ ਕਦਮ ਪੁੱਟਿਆ।

ਭਾਰਤ ਨੇਤਰਹੀਣ ਸੇਵਕ ਸਮਾਜ ਨਾਲ ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਮਾਜਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਵਿਭਾਗ ਸੂਬੇ ਵਿੱਚ ਨੇਤਰਹੀਣਾਂ ਲਈ ਨਵਾਂ ਸਕੂਲ ਖੋਲ੍ਹਣ ਅਤੇ ਜਮਾਲਪੁਰ, ਲੁਧਿਆਣਾ ਸਥਿਤ ਸਕੂਲ ਦੇ ਸਟਾਫ ਦੀ ਗਿਣਤੀ ਅਤੇ ਹੋਰ ਲੜੀਂਦੀਆਂ ਸਹੂਲਤਾਂ ਮੁਹੱਈਆ ਕਰਨ ਸਬੰਧੀ ਅਧਿਅਨ ਕਰੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਰਿਪੋਰਟ ਤਿਆਰ ਕਰਕੇ ਵਿੱਤ ਵਿਭਾਗ ਨੂੰ ਭੇਜੀ ਜਾਵੇ ਤਾਂ ਜੋ ਵਿੱਤੀ ਸਾਲ 2025-26 ਲਈ ਬਜ਼ਟ ਵਿੱਚ ਲੋੜੀਂਦੇ ਪ੍ਰਬੰਧ ਕੀਤੇ ਜਾ ਸਕਣ।

## ਸਲਮਾਨ ਖਾਨ ਦੀ ਰਿਹਾਇਸ਼ ਵਿਚ ਸੁਰੱਖਿਆ ਵਧਾਈ, ਲਗਾਏ ਗਏ ਬੁਲੇਟਪਰੂਫ ਸ਼ੀਸ਼ੇ



ਮੁੰਬਈ, 7 ਜਨਵਰੀ (ਪੋਸਟ ਬਿਊਰੋ): ਬਾਲੀਵੁੱਡ ਅਦਾਕਾਰ ਸਲਮਾਨ ਖਾਨ ਦੇ ਇੱਥੇ ਬਾਂਦਰਾ ਇਲਾਕੇ ਵਿੱਚ ਸਥਿਤ ਰਿਹਾਇਸ਼ ਦੀ ਸੁਰੱਖਿਆ ਉਨ੍ਹਾਂ ਦੀ ਬਾਲਕੋਨੀ ਦੀ ਹਿਫ਼ਾਜ਼ਤ ਲਈ ਬੁਲੇਟ-ਪਰੂਫ ਸ਼ੀਸ਼ੇ ਅਤੇ ਉੱਚ ਤਕਨੀਕ ਵਾਲਾ ਸੀਸੀਟੀਵੀ ਕੈਮਰਾ ਸਿਸਟਮ ਲਾ ਕੇ ਵਧਾ ਦਿੱਤੀ ਗਈ ਹੈ। ਇੱਕ ਪੁਲਿਸ ਅਧਿਕਾਰੀ ਨੇ ਮੰਗਲਵਾਰ ਨੂੰ ਕਿਹਾ ਕਿ ਗਲੈਕਸੀ ਅਪਾਰਟਮੈਂਟ ਸਥਿਤ ਘਰ ਦੀ ਬਾਲਕੋਨੀ ਵਿਚ ਲਾਇਆ ਗਿਆ ਬੁਲੇਟਪਰੂਫ ਗਲਾਸ ਪੈਨਲ ਅਦਾਕਾਰ ਦੀ ਸੁਰੱਖਿਆ ਨੂੰ ਯਕੀਨੀ ਬਣਾਏਗਾ।

ਇਹ ਸੁਰੱਖਿਆ ਵਾਧਾ ਅਪ੍ਰੈਲ 2024 ਵਿੱਚ ਮੋਟਰਸਾਈਕਲ ਸਵਾਰ ਦੋ ਵਿਅਕਤੀਆਂ ਵੱਲੋਂ ਇਮਾਰਤ ਦੇ ਬਾਹਰ ਗੋਲੀਬਾਰੀ ਕਰਨ ਤੋਂ ਕੁਝ ਮਹੀਨਿਆਂ ਬਾਅਦ ਆਇਆ ਹੈ। ਸੁਰੱਖਿਆ ਲਈ ਇੱਕ ਉੱਚ-ਤਕਨੀਕੀ ਸੀਸੀਟੀਵੀ ਕੈਮਰਾ ਲਗਾਇਆ ਗਿਆ ਹੈ। ਪੁਲਿਸ ਅਧਿਕਾਰੀ ਨੇ ਦੱਸਿਆ ਕਿ ਕਿਸੇ ਵੀ ਸ਼ੱਕੀ ਗਤੀਵਿਧੀ ਦਾ ਪਤਾ ਲਗਾਉਣ ਲਈ ਇਮਾਰਤ ਦੇ ਸਾਹਮਣੇ ਅਤੇ ਇਸਦੇ ਆਲੇ ਦੁਆਲੇ ਰੇਜ਼ਰ ਤਾਰ ਦੀ ਵਾੜ ਵੀ ਲਗਾਈ ਜਾ ਰਹੀ ਹੈ।

ਸਲਮਾਨ ਖਾਨ ਨੂੰ ਪਿਛਲੇ ਦਿਨੀਂ ਬਿਸ਼ਨੋਈ ਗੈਂਗ ਤੋਂ ਧਮਕੀਆਂ ਮਿਲੀਆਂ ਸਨ। ਪ੍ਰਸ਼ਾਸਨ ਨੇ ਖਾਨ ਨੂੰ ਪਹਿਲਾਂ ਹੀ 24 ਘੰਟੇ ਪੁਲਿਸ ਸੁਰੱਖਿਆ ਦਿੱਤੀ ਹੋਈ ਹੈ।

# ਗੁਜਰਾਤ ਵਿਚ ਬੋਰਵੈੱਲ 'ਚ ਡਿੱਗੀ 18 ਸਾਲਾਂ ਦੀ ਲੜਕੀ ਦੀ ਮੌਤ

ਨਵੀਂ ਦਿੱਲੀ, 7 ਜਨਵਰੀ (ਪੋਸਟ ਬਿਊਰੋ): ਗੁਜਰਾਤ ਦੇ ਕੱਛ ਜ਼ਿਲ੍ਹੇ 'ਚ ਡੂੰਘੇ ਬੋਰਵੈੱਲ 'ਚ ਡਿੱਗੀ 18 ਸਾਲਾਂ ਦੀ ਲੜਕੀ ਦੀ ਮੌਤ ਹੋ ਗਈ ਹੈ। ਵੱਖ-ਵੱਖ ਏਜੰਸੀਆਂ ਨੇ 33 ਘੰਟਿਆਂ ਬਾਅਦ ਉਸ ਨੂੰ ਮੰਗਲਵਾਰ ਸ਼ਾਮ ਨੂੰ ਬਾਹਰ ਕੱਢਿਆ ਸੀ ਅਤੇ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ ਗਿਆ।

ਅਧਿਕਾਰੀਆਂ ਨੇ ਦੱਸਿਆ ਕਿ ਇਹ ਘਟਨਾ ਸੋਮਵਾਰ ਸਵੇਰੇ ਕਰੀਬ 6:30 ਵਜੇ ਜ਼ਿਲ੍ਹੇ ਦੇ ਭੁਜ ਤਾਲੁਕਾ ਦੇ ਕੁੰਦਰਾਈ ਪਿੰਡ 'ਚ ਵਾਪਰੀ। ਕੁੜੀ 490 ਫੁੱਟ ਦੀ ਡੂੰਘਾਈ 'ਤੇ 540 ਫੁੱਟ ਡੂੰਘੇ ਬੋਰਵੈੱਲ 'ਚ ਫਸ ਗਈ ਸੀ। ਲੜਕੀ ਰਾਜਸਥਾਨ ਦੇ ਇਕ ਪ੍ਰਵਾਸੀ ਮਜ਼ਦੂਰ ਪਰਿਵਾਰ ਨਾਲ ਸਬੰਧਤ ਸੀ।



ਅਧਿਕਾਰੀਆਂ ਨੇ ਦੱਸਿਆ ਕਿ ਬੋਰਵੈੱਲ ਦਾ ਵਿਆਸ ਲਗਭਗ ਇੱਕ ਫੁੱਟ ਸੀ ਅਤੇ ਕੁੜੀ ਵੱਡੀ ਸੀ, ਜਿਸ ਕਾਰਨ ਉਹ ਅੰਦਰ ਡੂੰਘੀ ਫਸ ਗਈ ਸੀ, ਇਸ ਲਈ ਬਚਾਅ ਕਾਰਜ ਮੁਸ਼ਕਿਲ ਹੋ ਰਿਹਾ ਸੀ। ਐੱਨ.ਡੀ.ਆਰ.ਐੱਫ. ਨੇ ਦੱਸਿਆ ਕਿ 490 ਫੁੱਟ ਦੀ ਡੂੰਘਾਈ 'ਚ ਫਸੀ 18 ਸਾਲ ਦੀ ਪੀੜਤ ਨੂੰ ਕਈ ਬਚਾਅ ਕਾਰਜ ਤੋਂ ਬਾਅਦ ਬੋਰਵੈੱਲ 'ਚੋਂ ਬਾਹਰ ਕੱਢਿਆ ਗਿਆ। ਲੜਕੀ ਨੂੰ ਇਲਾਜ ਲਈ ਐਂਬੂਲੈਂਸ ਰਾਹੀਂ ਨੇੜਲੇ ਹਸਪਤਾਲ ਲਿਜਾਇਆ ਗਿਆ।

ਭੁਜ ਨਗਰ ਪਾਲਿਕਾ ਦੇ ਫਾਇਰ ਵਿਭਾਗ ਦੇ ਕਰਮਚਾਰੀਆਂ, ਸਥਾਨਕ ਐਮਰਜੈਂਸੀ ਰਿਸਪਾਂਸ ਟੀਮਾਂ, ਪੁਲਿਸ ਅਤੇ ਸਥਾਨਕ ਪ੍ਰਸ਼ਾਸਨ ਦੇ ਅਧਿਕਾਰੀਆਂ ਦੇ ਨਾਲ ਐੱਨ.ਡੀ.ਆਰ.ਐੱਫ. ਅਤੇ ਸੀਮਾ ਸੁਰੱਖਿਆ ਬਲ ਦੀਆਂ ਟੀਮਾਂ ਬਚਾਅ ਕਾਰਜ 'ਚ ਲੱਗੀਆਂ ਹੋਈਆਂ ਸਨ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖ਼ੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com




## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664



# ਪੰਜਾਬ ਪੁਲਿਸ ਵੱਲੋਂ ਗੋਲੀਬਾਰੀ ਦੀਆਂ ਘਟਨਾਵਾਂ ਵਿੱਚ ਸ਼ਾਮਿਲ ਦੋ ਮੁਲਜ਼ਮ ਗ੍ਰਿਫਤਾਰ, ਇੱਕ ਪਿਸਤੌਲ ਬਰਾਮਦ

* ਗ੍ਰਿਫਤਾਰ ਮੁਲਜ਼ਮ ਗੈਂਗਸਟਰ ਪ੍ਰਭ ਦਾਸੂਵਾਲ ਦੇ ਨਿਰਦੇਸ਼ਾਂ ’ਤੇ ਚਲਾ ਰਹੇ ਸਨ ਫਿਰੌਤੀ ਰੈਕੇਟ : ਡੀ.ਜੀ.ਪੀ. ਗੌਰਵ ਯਾਦਵ
* ਜਵਾਬੀ ਗੋਲੀਬਾਰੀ ਦੌਰਾਨ ਦੋਵੇਂ ਮੁਲਜ਼ਮ ਗੋਲੀ ਲੱਗਣ ਨਾਲ ਹੋਏ ਜ਼ਖਮੀ : ਐੱਸ.ਐੱਸ.ਪੀ. ਤਰਨਤਾਰਨ ਅਭਿਮਨਿਊ ਰਾਣਾ

ਚੰਡੀਗੜ੍ਹ, 7 ਜਨਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਪੰਜਾਬ ਨੂੰ ਅਪਰਾਧ ਮੁਕਤ ਸੂਬਾ ਬਣਾਉਣ ਦੇ ਮੱਦੇਨਜ਼ਰ ਜਾਰੀ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਤਰਨਤਾਰਨ ਦੇ ਵਲਟੋਹਾ ਵਿਖੇ ਇੱਕ ਸੰਖੇਪ ਮੁਕਾਬਲੇ ਤੋਂ ਬਾਅਦ ਵਿਦੇਸ਼ੀ ਮੂਲ ਦੇ ਗੈਂਗਸਟਰ ਪ੍ਰਭਦੀਪ ਸਿੰਘ ਉਰਫ਼ ਪ੍ਰਭ ਦਾਸੂਵਾਲ ਦੇ ਦੋ ਸਾਥੀਆਂ ਨੂੰ ਗ੍ਰਿਫ਼ਤਾਰ ਕਰਕੇ ਜ਼ਿਲ੍ਹਾ ਤਰਨਤਾਰਨ ਵਿੱਚ ਵਾਪਰੀਆਂ ਗੋਲੀਬਾਰੀ ਦੀਆਂ ਦੋ ਵੱਖ-ਵੱਖ ਘਟਨਾਵਾਂ ਦੀ ਗੁੱਥੀ ਸੁਲਝਾ ਲਈ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ, ਪੰਜਾਬ (ਡੀਜੀਪੀ) ਗੌਰਵ ਯਾਦਵ ਦਿੱਤੀ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਕਰਨਪ੍ਰੀਤ ਸਿੰਘ ਉਰਫ ਕਰਨ ਵਾਸੀ ਪਿੰਡ ਤੂਤ (ਤਰਨ-ਤਾਰਨ) ਅਤੇ ਗੁਰਲਾਲਜੀਤ ਸਿੰਘ ਉਰਫ ਲਾਲੀ ਪਿੰਡ ਭੰਗਾਲਾ (ਤਰਨ-ਤਾਰਨ) ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਮੁਲਜ਼ਮਾਂ ਦੇ ਕਬਜ਼ੇ ’ਚੋਂ ਇਕ .32 ਬੋਰ ਦਾ ਪਿਸਤੌਲ, ਜਿੰਦਾ ਕਾਰਤੂਸ ਅਤੇ ਕਾਰਤੂਸਾਂ ਦੇ ਖਾਲੀ ਖੋਲ ਬਰਾਮਦ ਕਰਨ ਤੋਂ ਇਲਾਵਾ ਉਨ੍ਹਾਂ ਦਾ ਹੌਂਡਾ ਐਕਟਿਵਾ ਸਕੂਟਰ, ਜਿਸ ’ਤੇ ਉਹ ਸਵਾਰ ਸਨ, ਵੀ ਜ਼ਬਤ ਕੀਤਾ ਹੈ।



ਜਾਣਕਾਰੀ ਅਨੁਸਾਰ ਦੋਵੇਂ ਮੁਲਜ਼ਮ, ਹੈਂਡਲਰ ਪ੍ਰਭ ਦਾਸੂਵਾਲ , ਜੋ ਕਿ ਘਨਸ਼ਿਆਮਪੁਰੀਆ ਗਿਰੋਹ ਨਾਲ ਸਬੰਧਤ ਹੈ, ਦੇ ਨਿਰਦੇਸ਼ਾਂ ’ਤੇ ਜ਼ਬਰਨ ਵਸੂਲੀ ਦਾ ਰੈਕੇਟ ਚਲਾ ਰਹੇ ਸਨ ਅਤੇ ਗੋਲੀਬਾਰੀ ਦੀਆਂ ਦੋ ਵਾਰਦਾਤਾਂ ਨੂੰ ਅੰਜਾਮ ਦੇ ਚੁੱਕੇ ਸਨ। ਗੋਲੀਬਾਰੀ ਦੀ ਤਾਜ਼ਾ ਘਟਨਾ ਇਸ ਸਾਲ 1 ਜਨਵਰੀ ਨੂੰ ਪਿੰਡ ਘਰਿਆਲਾ ਦੇ ਇਕ ਮੈਡੀਕਲ ਸਟੋਰ ’ਤੇ ਵਾਪਰੀ ਸੀ ਅਤੇ ਵਲਟੋਹਾ ਵਿਖੇ ਗੋਲੀਬਾਰੀ ਦੀ ਇਕ ਹੋਰ ਘਟਨਾ 2 ਦਸੰਬਰ, 2024 ਨੂੰ ਵਾਪਰੀ ਸੀ, ਜਦੋਂ ਇੱਕ ਆੜ੍ਹਤੀਏ ਨੂੰ 20 ਲੱਖ ਰੁਪਏ ਦੀ ਫਿਰੌਤੀ ਲਈ ਨਿਸ਼ਾਨਾ ਬਣਾਇਆ ਗਿਆ ਸੀ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਇਨ੍ਹਾਂ ਘਟਨਾਵਾਂ ਤੋਂ ਬਾਅਦ ਤਰਨਤਾਰਨ ਪੁਲਿਸ ਨੇ ਇੱਕ ਵਿਸ਼ੇਸ਼ ਅਭਿਆਨ ਚਲਾਇਆ ਹੈ ਅਤੇ ਤਕਨੀਕੀ ਪਹਿਲੂਆਂ ਤੇ ਮਨੁੱਖੀ ਸੂਝ-ਬੂਝ ਤਹਿਤ ਕਾਰਵਾਈ ਕਰਦੇ ਹੋਏ ਦੋਵੇਂ ਮਾਮਲਿਆਂ ’ਚ ਸ਼ਾਮਲ ਦੋਵਾਂ ਮੁਲਜ਼ਮਾਂ ਦੀ ਪਛਾਣ ਕਰ ਲਈ ਗਈ।

ਉਨ੍ਹਾਂ ਦੱਸਿਆ ਕਿ ਵਲਟੋਹਾ ਖੇਤਰ ’ਚ ਘੁੰਮ ਰਹੇ ਕਥਿਤ ਦੋਸ਼ੀਆਂ ਬਾਰੇ ਪੁਖ਼ਤਾ ਸੂਚਨਾ ’ਤੇ ਕਾਰਵਾਈ ਕਰਦੇ ਹੋਏ ਐਸ.ਪੀ ਇਨਵੈਸਟੀਗੇਸ਼ਨ ਅਜੈਰਾਜ ਸਿੰਘ, ਡੀ.ਐਸ.ਪੀ ਇਨਵੈਸਟੀਗੇਸ਼ਨ ਰਜਿੰਦਰ ਮਿਨ-ਹਾਸ ਅਤੇ ਡੀ.ਐਸ.ਪੀ ਭਿੱਖੀਵਿੰਡ ਪ੍ਰੀਤ ਇੰਦਰ ਸਿੰਘ ਦੀ ਅਗਵਾਈ ਵਾਲੀ ਪੁਲਿਸ ਟੀਮ ਨੇ ਮੁਲਜ਼ਮਾਂ ਦਾ ਪਿੱਛਾ ਕੀਤਾ ਅਤੇ ਵਲਟੋਹਾ ਵਿਖੇ ਨਾਕੇ ’ਤੇ ਉਨ੍ਹਾਂ ਨੂੰ ਘੇਰ ਲਿਆ। ਉਨ੍ਹਾਂ ਕਿਹਾ ਕਿ ਦੋਵਾਂ ਮੁਲਜ਼ਮਾਂ ਨੇ ਪੁਲਿਸ ਪਾਰਟੀ ’ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ, ਇਸ ’ਤੇ ਸਵੈਰੱਖਿਆ ਲਈ ਪੁਲਿਸ ਨੇ ਵੀ ਜਵਾਬੀ ਗੋਲੀਬਾਰੀ ਕੀਤੀ।

ਹੋਰ ਵੇਰਵੇ ਸਾਂਝੇ ਕਰਦੇ ਹੋਏ ਸੀਨੀਅਰ ਪੁਲਿਸ ਕਪਤਾਨ (ਐਸਐਸਪੀ) ਤਰਨਤਾਰਨ ਅਭਿਮਨਿਊ ਰਾਣਾ ਨੇ ਦੱਸਿਆ ਕਿ ਜਵਾਬੀ ਗੋਲੀਬਾਰੀ ਵਿੱਚ ਮੁਲਜ਼ਮ ਕਰਨਪ੍ਰੀਤ ਅਤੇ ਗੁਰਲਾਲਜੀਤ ਨੂੰ ਗੋਲੀਆਂ ਲੱਗੀਆਂ। ਉਨ੍ਹਾਂ ਦੱਸਿਆ ਕਿ ਦੋਵੇਂ ਮੁਲਜ਼ਮ ਕਰਨ ਅਤੇ ਗੁਰਲਾਲਜੀਤ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਉਨ੍ਹਾਂ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਮੁਲਜ਼ਮ ਕਰਨਪ੍ਰੀਤ ਦਾ ਅਪਰਾਧਿਕ ਪਿਛੋਕੜ ਹੈ ਅਤੇ ਉਹ ਪੰਜਾਬ ਪੁਲਿਸ ਨੂੰ ਵੱਖ-ਵੱਖ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦਾ ਸੀ।

ਐਸਐਸਪੀ ਨੇ ਦੱਸਿਆ ਕਿ ਅਗਲੇਰੀ ਜਾਂਚ ਜਾਰੀ ਹੈ ਅਤੇ ਦੋਵਾਂ ਮਾਮਲਿਆਂ ਵਿੱਚ ਫਰਾਰ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

ਇਸ ਸਬੰਧੀ ਐਫਆਈਆਰ ਨੰ. 3 ਮਿਤੀ 07/01/2025 ਨੂੰ ਭਾਰਤੀ ਨਿਆ ਸੰਹਿਤਾ (ਬੀਐਨਐਸ) ਦੀ ਧਾਰਾ 109, 132, 221 ਅਤੇ 3(5) ਅਤੇ ਅਸਲਾ ਐਕਟ ਦੀ ਧਾਰਾ 25 (6) (7) ਤਹਿਤ ਥਾਣਾ ਵਲਟੋਹਾ ਵਿਖੇ ਕੇਸ ਦਰਜ ਕੀਤਾ ਗਿਆ ਹੈ।

# 120 ਦਿਨਾਂ ਅੰਦਰ ਲਗਾਏ ਜਾਣਗੇ 663 ਹੋਰ ਖੇਤੀ ਸੋਲਰ ਪੰਪ : ਅਮਨ ਅਰੋੜਾ

* ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਨੇ ਪੇਡਾ ਅਧਿਕਾਰੀਆਂ ਨੂੰ 20 ਹਜ਼ਾਰ ਸੋਲਰ ਪੰਪ ਲਗਾਉਣ ਦੇ ਟੀਚੇ ਦੀ ਪ੍ਰਾਪਤੀ ਲਈ ਯਤਨ ਤੇਜ਼ ਕਰਨ ਦੇ ਦਿੱਤੇ ਨਿਰਦੇਸ਼

ਚੰਡੀਗੜ੍ਹ, 7 ਜਨਵਰੀ (ਪੋਸਟ ਬਿਊਰੋ): ਸੂਬੇ ਦੇ ਖੇਤੀਬਾੜੀ ਸੈਕਟਰ ਨੂੰ ਕਾਰਬਨ-ਮੁਕਤ ਕਰਨ ਲਈ ਕੁਦਰਤੀ ਊਰਜਾ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਵਾਸਤੇ ਪੰਜਾਬ ਸਰਕਾਰ ਵੱਲੋਂ ਅਗਲੇ 120 ਦਿਨਾਂ ਦੇ ਅੰਦਰ 663 ਹੋਰ ਖੇਤੀ ਸੋਲਰ ਪੰਪ ਲਾਏ ਜਾਣਗੇ। ਇਹ ਐਲਾਨ ਅੱਜ ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਕੀਤਾ।

ਅਮਨ ਅਰੋੜਾ ਨੇ ਖੇਤੀਬਾੜੀ ਵਾਸਤੇ 663 ਖੇਤੀ ਸੋਲਰ ਪੰਪ ਲਗਾਉਣ ਲਈ ਅੱਜ ਮੈਸਰਜ਼ ਏ.ਵੀ.ਆਈ. ਰੀਨਿਊਏਬਲਜ਼ ਐਨਰਜੀ ਪ੍ਰਾਈਵੇਟ ਲਿਮਟਿਡ ਨੂੰ ਵਰਕ ਆਰਡਰ ਸੌਂਪਿਆ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਮਹੀਨੇ 2,356 ਸੋਲਰ ਪੰਪ ਲਗਾਉਣ ਲਈ ਵਰਕ ਆਰਡਰ ਜਾਰੀ ਕੀਤੇ ਗਏ ਸਨ।

ਉਨ੍ਹਾਂ ਨੇ ਪੇਡਾ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਕਿਸਾਨਾਂ ਦੀ ਭਲਾਈ ਲਈ ਸੂਬੇ ਵਿੱਚ 20,000 ਖੇਤੀ ਸੋਲਰ ਪੰਪ ਲਗਾਉਣ ਦੇ ਟੀਚੇ ਦੀ ਪ੍ਰਾਪਤੀ ਲਈ ਹਰ ਯਤਨ ਤੇਜ਼ ਕਰਨ।

ਉਨ੍ਹਾਂ ਦੱਸਿਆ ਕਿ ਇਸ ਕੰਪਨੀ ਦੀ ਚੋਣ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਬੋਲੀ ਪ੍ਰਕਿਰਿਆ ਰਾਹੀਂ ਕੀਤੀ ਗਈ ਹੈ ਅਤੇ 3, 5, 7.5 ਅਤੇ 10 ਐਚ.ਪੀ. ਦੀ ਸਮਰੱਥਾ ਦੇ ਖੇਤੀ ਸੋਲਰ ਪੰਪ ਲਗਾਉਣ ਉਤੇ ਆਮ ਸ਼੍ਰੇਣੀ ਦੇ ਕਿਸਾਨਾਂ ਲਈ 60 ਫੀਸਦ ਸਬਸਿਡੀ, ਜਦੋਂਕਿ ਅਨੁਸੂਚਿਤ ਜਾਤੀ (ਐਸ.ਸੀ. ਸ਼੍ਰੇਣੀ) ਦੇ ਕਿਸਾਨ 80 ਫੀਸਦ ਸਬਸਿਡੀ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਡਾਰਕ ਜ਼ੋਨਾਂ (ਧਰਤੀ ਹੇਠਲੇ ਪਾਣੀ ਦੀ ਜ਼ਿਆਦਾ ਵਰਤੋਂ ਵਾਲੇ ਬਲਾਕ) ਵਿੱਚ ਇਹ ਪੰਪ ਉਨ੍ਹਾਂ ਕਿਸਾਨਾਂ ਦੇ ਖੇਤਾਂ ‘ਚ ਲਗਾਏ ਜਾਣਗੇ, ਜਿਨ੍ਹਾਂ ਨੇ ਆਪਣੀਆਂ ਮੋਟਰਾਂ ‘ਤੇ ਪਹਿਲਾਂ ਹੀ ਸੂਖਮ ਸਿੰਜਾਈ ਪ੍ਰਣਾਲੀ, ਜਿਵੇਂ ਤੁਪਕਾ ਜਾਂ ਫੁਹਾਰਾ, ਆਦਿ ਸਥਾਪਤ ਕੀਤੀਆਂ ਹੋਈਆਂ ਹਨ।



ਅਮਨ ਅਰੋੜਾ ਨੇ ਕਿਹਾ ਕਿ ਇਨ੍ਹਾਂ ਸੋਲਰ ਪੰਪਾਂ ਨਾਲ ਨਾ ਸਿਰਫ਼ ਈਂਧਨ ਦੀ ਲਾਗਤ ਘਟੇਗੀ ਸਗੋਂ ਖੇਤੀ ਸੈਕਟਰ ਨੂੰ ਕਾਰਬਨ-ਮੁਕਤ ਕਰਨ ਵਿੱਚ ਵੀ ਮਦਦ ਮਿਲੇਗੀ ਅਤੇ ਇਹ ਖੇਤੀਬਾੜੀ ਦੇ ਵਧੇਰੇ ਟਿਕਾਊ ਅਭਿਆਸਾਂ ਨੂੰ ਵੀ ਉਤਸ਼ਾਹਿਤ ਕਰੇਗਾ। ਕਿਸਾਨਾਂ ਨੂੰ ਹੁਣ ਆਪਣੀਆਂ ਫ਼ਸਲਾਂ ਨੂੰ ਪਾਣੀ ਲਾਉਣ ਲਈ ਰਾਤ ਨੂੰ ਖੇਤਾਂ ਵਿੱਚ ਨਹੀਂ ਜਾਣਾ ਪਵੇਗਾ, ਕਿਉਂਕਿ ਇਹ ਪੰਪ ਦਿਨ ਵੇਲੇ ਹੀ ਚੱਲਣਗੇ।

ਇਸ ਮੌਕੇ ਪੇਡਾ ਦੇ ਡਾਇਰੈਕਟਰ ਐੱਮ.ਪੀ. ਸਿੰਘ, ਜਾਇੰਟ ਡਾਇਰੈਕਟਰ ਰਾਜੇਸ਼ ਬਾਂਸਲ ਅਤੇ ਸਬੰਧਤ ਫ਼ਰਮ ਦੇ ਨੁਮਾਇੰਦੇ ਹਾਜ਼ਰ ਸਨ




# ਪੰਜਾਬ ਦੀ ਅੰਤਿਮ ਵੋਟਰ ਸੂਚੀ 2025 ਦੀ ਪ੍ਰਕਾਸ਼ਨਾ ਹੋਈ : ਮੁੱਖ ਚੋਣ ਅਧਿਕਾਰੀ

ਪੰਜਾਬ ਵਿੱਚ ਕੁੱਲ ਵੋਟਰਾਂ ਦੀ ਗਿਣਤੀ 2.13 ਕਰੋੜ ਤੋਂ ਵੱਧ

ਚੰਡੀਗੜ੍ਹ, 7 ਜਨਵਰੀ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਸੂਬੇ ਦੀਆਂ ਸਮੂਹ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅੰਤਿਮ ਪ੍ਰਕਾਸ਼ਨਾਂ ਦੀਆਂ ਬਿਨਾਂ ਫੋਟੋ ਵੋਟਰ ਸੂਚੀ ਦੀਆਂ ਸੀਡੀਜ਼ ਸੌਂਪੀਆਂ ਹਨ।



ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਵਿਖੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਸਿਬਿਨ ਸੀ. ਨੇ ਦੱਸਿਆ ਕਿ 7 ਜਨਵਰੀ, 2025 ਨੂੰ ਅੰਤਿਮ ਵੋਟਰ ਸੂਚੀਆਂ ਦੀ ਪ੍ਰਕਾਸ਼ਨਾ ਤੱਕ ਪੰਜਾਬ ਵਿਚ ਕੁੱਲ ਵੋਟਰਾਂ ਦੀ ਗਿਣਤੀ 2 ਕਰੋੜ 13 ਲੱਖ 80 ਹਜ਼ਾਰ 565 ਹੈ। ਜਿਨ੍ਹਾਂ ਵਿੱਚੋਂ ਮਰਦ ਵੋਟਰ 1 ਕਰੋੜ 12 ਲੱਖ 31 ਹਜ਼ਾਰ 744, ਔਰਤਾਂ 1 ਕਰੋੜ 01 ਲੱਖ 48 ਹਜ਼ਾਰ 76, ਤੀਜਾ ਲਿੰਗ 745, ਐਨ.ਆਰ.ਆਈ 1611, ਦਿਵਿਆਂਗ ਵੋਟਰ 1 ਲੱਖ 56 ਹਜ਼ਾਰ 130 ਅਤੇ ਸਰਵਿਸ ਵੋਟਰ 1 ਲੱਖ 1 ਹਜ਼ਾਰ 257 ਹਨ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਸਮੇਂ ਪੰਜਾਬ ਵਿੱਚ ਕੁੱਲ ਪੋਲਿੰਗ ਸਟੇਸ਼ਨਾਂ ਦੀ ਗਿਣਤੀ 24 ਹਜ਼ਾਰ 446 ਹੈ, ਜਿਸ ਵਿੱਚ ਸ਼ਹਿਰੀ ਪੋਲਿੰਗ ਸਟੇਸ਼ਨਾਂ ਦੀ ਗਿਣਤੀ 8062 ਅਤੇ ਪੇਂਡੂ ਪੋਲਿੰਗ ਸਟੇਸ਼ਨਾਂ ਦੀ ਗਿਣਤੀ 16,384 ਹੈ। ਉਨ੍ਹਾਂ ਦੱਸਿਆ ਕਿ ਸਾਰੇ ਪੋਲਿੰਗ ਸਟੇਸ਼ਨਾਂ ਉੱਤੇ ਵੋਟਰਾਂ ਲਈ ਰੈਂਪ, ਪੀਣ ਵਾਲਾ ਪਾਣੀ, ਲਾਈਟਿੰਗ, ਬੈਠਣ ਲਈ ਕੁਰਸੀਆਂ ਅਤੇ ਪਖਾਨਿਆਂ ਦੀ ਵਿਵਸਥਾ ਕੀਤੀ ਗਈ ਹੈ।

ਮੁੱਖ ਚੋਣ ਅਧਿਕਾਰੀ ਨੇ ਮੀਟਿੰਗ ਦੌਰਾਨ ਸਿਆਸੀ ਪਾਰਟੀਆਂ ਦੇ ਨੁਮਾਇੰਦੀਆਂ ਨੂੰ ਅਪੀਲ ਕੀਤੀ ਕਿ ਉਹ ਹਰ ਇਕ ਪੋਲਿੰਗ ਸਟੇਸ਼ਨ ‘ਤੇ ਆਪਣੇ ਬੂਥ ਲੈਵਲ ਏਜੰਟ ਨਿਯੁਕਤ ਕਰਨ ਤਾਂ ਜੋ ਅੱਗੋਂ ਵੀ ਵੋਟਰ ਸੂਚੀਆਂ ਪ੍ਰਕਾਸ਼ਨ ਦੀ ਪ੍ਰਕਿਰਿਆ ਪਾਰਦਰਸ਼ੀ ਢੰਗ ਨਾਲ ਜਾਰੀ ਰਹੇ।

ਮੀਟਿੰਗ ਵਿੱਚ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਤੋਂ ਇਲਾਵਾ ਐਡੀਸ਼ਨਲ ਸੀਈਓ ਹਰੀਸ਼ ਨਈਅਰ, ਜੁਆਇੰਟ ਸੀਈਓ ਸਕੱਤਰ ਸਿੰਘ ਬੱਲ, ਚੋਣ ਅਧਿਕਾਰੀ ਅੰਜੂ ਬਾਲਾ ਤੋਂ ਇਲਾਵਾ ਸੀਈਓ ਦਫ਼ਤਰ ਦੇ ਉੱਚ ਅਧਿਕਾਰੀ ਹਾਜ਼ਰ ਸਨ।




## ਡਾ. ਬਲਜੀਤ ਕੌਰ ਵੱਲੋਂ ਅਧਿਕਾਰੀਆਂ ਨੂੰ ‘ਸਾਡੇ ਬਜ਼ੁਰਗ ਸਾਡਾ ਮਾਣ’ ਤਹਿਤ ਬਜ਼ੁਰਗਾਂ ਦੇ ਜੀਵਨ ਪੱਧਰ ਸਬੰਧੀ ਸਰਵੇਖਣ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼

ਚੰਡੀਗੜ੍ਹ, 7 ਜਨਵਰੀ (ਪੋਸਟ ਬਿਊਰੋ): ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਵਿਭਾਗੀ ਅਧਿਕਾਰੀਆਂ ਨੂੰ "ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਤਹਿਤ ਕਰਵਾਏ ਜਾ ਰਹੇ ਬਜ਼ੁਰਗਾਂ ਦੇ ਜੀਵਨ ਪੱਧਰ ਸਬੰਧੀ ਸਰਵੇਖਣ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਇਸ ਸਰਵੇਖਣ ਦੌਰਾਨ ਜਿਹੜੇ ਬਜੁਰਗ ਪੈਨਸ਼ਨ ਤੋਂ ਵਾਂਝੇ ਰਹਿ ਗਏ ਹਨ, ਜਿਹੜੇ ਬਜੁਰਗ ਮਰੀਜ਼ ਹਨ ਜੋ ਆਪਣਾ ਇਲਾਜ ਨਹੀ ਕਰਵਾ ਸਕਦੇ ਅਤੇ ਜਿਹੜੇ ਬਜੁਰਗਾਂ ਨੂੰ ਉਹਨਾਂ ਦੇ ਬੱਚੇ ਨਹੀ ਸੰਭਾਲ ਰਹੇ। ਇਹਨਾਂ ਸਬੰਧੀ ਮੁਕੰਮਲ ਰਿਪੋਰਟ ਜਲਦੀ ਤੋਂ ਜਲਦੀ ਤਿਆਰ ਕਰਕੇ ਲੋੜੀਂਦੀ ਕਾਰਵਾਈ ਕੀਤੀ ਜਾਵੇ।



ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਜਿੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਮਾਜ ਦੇ ਵੱਖ-ਵੱਖ ਵਰਗਾਂ ਦੀ ਭਲਾਈ ਲਈ ਸਮਰਪਿਤ ਹੈ, ਉਥੇ ਬਜ਼ੁਰਗਾਂ ਦੇ ਜੀਵਨ ਨੂੰ ਬਿਹਤਰ ਬਣਾਉਣ 'ਤੇ ਵਿਸ਼ੇਸ਼ ਧਿਆਨ ਦੇ ਰਹੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੂਬਾ ਸਰਕਾਰ ਵੱਲੋਂ ਬਜ਼ੁਰਗਾਂ ਦੀ ਭਲਾਈ ਲਈ ਲਈ ਤਿਆਰ ਕੀਤੀਆਂ ਸਕੀਮਾਂ ਜ਼ਮੀਨੀ ਪੱਧਰ 'ਤੇ ਬਿਨਾਂ ਕਿਸੇ ਦੇਰੀ ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤੀਆਂ ਜਾਣ।

ਡਾ. ਬਲਜੀਤ ਕੌਰ ਨੇ ਦੱਸਿਆ ਕਿ "ਸਾਡੇ ਬਜ਼ੁਰਗ ਸਾਡਾ ਮਾਣ" ਮੁਹਿੰਮ ਤਹਿਤ ਵਿਭਾਗੀ ਸੁਪਰਵਾਈਜ਼ਰਾਂ ਵੱਲੋਂ ਐਮ ਸੇਵਾ ਐਪ ਰਾਹੀਂ ਸਰਵੇਖਣ ਕੀਤਾ ਜਾ ਰਿਹਾ ਹੈ। ਉਹਨਾਂ ਹੁਸ਼ਿਆਰਪੁਰ, ਫਿਰੋਜ਼ਪੁਰ, ਐਸ.ਏ.ਐਸ.ਨਗਰ ਅਤੇ ਪਠਾਨਕੋਟ ਜ਼ਿਲ੍ਹਿਆਂ ਵੱਲੋਂ ਕੀਤੇ ਸਰਵੇਖਣ ਦੀ ਪ੍ਰਗਤੀ ਦੀ ਸ਼ਲਾਘਾ ਕੀਤੀ ਅਤੇ ਬਾਕੀ ਜ਼ਿਲ੍ਹਿਆਂ ਨੂੰ ਆਪਣੇ ਯਤਨਾਂ ਵਿੱਚ ਤੇਜ਼ੀ ਲਿਆਉਣ ਲਈ ਕਿਹਾ।

ਮੰਤਰੀ ਨੇ ਸਪੱਸ਼ਟ ਕੀਤਾ ਕਿ ਬਜ਼ੁਰਗਾਂ ਦੇ ਹਿੱਤਾਂ ਦੀ ਰਾਖੀ ਦੇ ਉਦੇਸ਼ ਨਾਲ ਸਰਵੇਖਣ ਦੀ ਪ੍ਰਕਿਰਿਆ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਆਪਣੀ ਜ਼ਿੰਮੇਵਾਰੀ ਵਿੱਚ ਕੁਤਾਹੀ ਕਰਦਾ ਪਾਇਆ ਗਿਆ ਤਾਂ ਉਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣਾ ਚਾਹੁੰਦੀ ਹੈ। ਇਸ ਲਈ ਪੰਜਾਬ ਸਰਕਾਰ ਦੇ ਇਸ ਸੁਪਨੇ ਨੂੰ ਸਾਕਾਰ ਕਰਨ ਲਈ ਉਨ੍ਹਾਂ ਨੇ ਅਧਿਕਾਰੀਆਂ ਨੂੰ ਆਪਸੀ ਸਹਿਯੋਗ ਅਤੇ ਸਮਰਪਣ ਭਾਵਨਾ ਨਾਲ ਕੰਮ ਕਰਨ ਲਈ ਕਿਹਾ।

# Urgently Need New Listings in Brampton/Caledon

visit: www.teamjagaujla.com



Call **JAG AUJLA**

MCNE, REAL ESTATE BROKER

DIR: 416-371-7777

j.aujla@rogers.com www.jagaujla.com

Chairman's Club Award (2021, 2018, 2015, 2014, 2013, 2012, 2011, 2010) · Platinum Club Award (2020-2017) (2009-2018) (REMAX international) · RE/MAX Hall of Fame (2010) · Lifetime Achievement Award (2014) · Advertisement GUARANTEED Till SOLD

Follow Us: MCNE

## CALL JAG FOR A QUICK & FREE HOME EVALUATION

www BramptonTopRealtor.com www BramptonTopAgent.com

## URGENTLY NEED NEW LISTINGS IN THIS AREA

## RECENTLY LISTED/SOLD IN YOUR NEIGHBOURHOOD BY JAG AUJLA

### NEW Listing in *MISSISSAUGA*

Winston Churchill/Collegeway/Council Ring



Approx. 2000 sq.ft. ਸੈਮੀ-ਡਿਟੈਚਡ ਹਾਊਸ, 4+2 ਬੈਡਰੂਮ, 3 ਵਾਸ਼ਰੂਮ 2 ਬੈਡਰੂਮ ਫਿਨੀਸ਼ਡ ਬੇਸਮੇਂਟ,3 ਕਾਰ ਪਾਰਕਿੰਗ। No ਕਾਰਪੇਟ। Eat-in ਕੀਚਨ with Granite ਕਾਊਂਟਰਟੋਪ। Family Rm with Fireplace, Stainless Steel Appliances. Spacious Living Rm & Bed Rms. Close to Hwy 403 , QEW , Hwy 407

### NEW Listing in *BRAMPTON*

James Potter/Queen/Bonnie Brae



Approx. 3000-3500 sq.ft. ਡਿਟੈਚਡ ਹਾਊਸ, 5+2 ਬੈਡਰੂਮ+Office+ 5 ਵਾਸ਼ਰੂਮ, 2 ਬੈਡਰੂਮ ਫਿਨੀਸ਼ਡ Lookout ਬੇਸਮੇਂਟ,6 ਕਾਰ ਪਾਰਕਿੰਗ। No ਕਾਰਪੇਟ। Double Door Entry, ਕੀਚਨ with Granite ਕਾਊਂਟਰਟੋਪ। Oak staircase, ਮਾਸਟਰ ਬੈਡਰੂਮ with 5-ਪੀਸ ਇਨਸੂਇਟ, All Bdrms connected to Wash Rms.

### Listed in *BRAMPTON*

Bovaird/Mclaughlin/Fletchers Creek



2000 sq.ft. ਸੈਮੀ-ਡਿਟੈਚਡ ਹਾਊਸ 4+1 ਬੈਡਰੂਮ + 4 ਵਾਸ਼ਰੂਮ, 1 ਬੈਡਰੂਮ ਫਿਨੀਸ਼ਡ ਬੇਸਮੇਂਟ with separate entrance. Double door entry, ਮਾਸਟਰ ਬੈਡਰੂਮ with 5-ਪੀਸ ਇਨਸੂਇਟ, Walk-in ਕਲੋਜ਼ਿਟ, Laundary on 2nd ਫਲੋਰ ਅਤੇ ਬੇਸਮੇਂਟ। Newly ਅਪਗਰੇਡੀਡ।

### NEW Listing in *BRAMPTON*

Hwy 10/Sandalwood/Braidwood



50 ਫੁੱਟ ਦਾ ਡਿਟੈਚਡ ਹਾਊਸ Approx. 2500sq.ft. 4 ਬੈਡਰੂਮ + 3 ਵਾਸ਼ਰੂਮ, $70K ਦੇ ਅਪਗਰੇਡ, ਮਾਸਟਰ ਬੈਡਰੂਮ with 4-ਪੀਸ ਇਨਸੂਇਟ ਅਤੇ Walk-in ਕਲੋਜ਼ਿਟ, No ਕਾਰਪੇਟ, 6 ਪਾਰਕਿੰਗ, Quartz ਕਾਊਂਟਰਟੋਪ, 64"Built-in Fridge, Extra furnance, Heated Garage, Sec camera, storage in backyard.

### NEW Listing in *BRAMPTON*

Chinguacousy/Williams Pkwy/Bovaird



ਡਿਟੈਚਡ ਹਾਊਸ Approx. 2000sq.ft., 4+1 ਬੈਡਰੂਮ +4 ਵਾਸ਼ਰੂਮ, ਫਿਨੀਸ਼ਡ ਬੇਸਮੇਂਟ with 1 ਬੈਡ+Rec Rm+4pc ਵਾਸ਼ਰੂਮ, ਡਬਲ-ਡੋਰ entrance, ਮਾਸਟਰ ਬੈਡਰੂਮ with 5-ਪੀਸ ਇਨਸੂਇਟ ਅਤੇ Walk-in ਕਲੋਜ਼ਿਟ, Electric Fireplace, Extended concreted ਡਰਾਈਵੇਅ, storage in backyard, pond & more.

### Listed in *MISSISSAUGA*

Burnhamthorpe/Confederation



900-999 sq.ft. ਲੇਕ ਵੀਊ, 2 ਬੈਡਰੂਮ + 1 ਵਾਸ਼ਰੂਮ ਵੱਡੀਆਂ ਕੀਚਨ ਕੈਬਨਿਟ, ਨਵਾਂ ਪੈਂਟ, ਨਵੇਂ ਲੈਮੀਨੇਟ ਫਲੋਰ, Huge ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One, Celebration Square, Grand Park Plaza, Sheridan College, YMCA & much more.

## FREE

- ✓ Full MLS Services
- ✓ Consistently Marketing Your Property Until SOLD
- ✓ Competitive Rates, Exceptional Service & Award Winning Results
- ✓ Staging Consultation
- ✓ Billboard, Flyer, Newspaper
- ✓ Online Promotion
- ✓ Professional Pictures and Virtual Tour
- ✓ Social media & Radio Advertisement
- ✓ Open House Until Sold

RE/MAX Realty Specialists Inc. Brokerage (Independently Owned and Operated)

Off: 905-456-3232

*(Based on units sold & commissions)** *Some Conditions Apply.

*Seller* & Jag Aujla Broker of Re/max Realty Specialist Inc. must agree on the terms & conditions, closing date and listing price at the time of listing. Guaranteed Program only for Peel Region Homes Under $1 Million Price

Call JAG AUJLA DIR: 416-371-7777

MCNE, REAL ESTATE BROKER

NOT INTENDED TO SOLICIT BUYERS OR SELLER CURRENTLY UNDER CONTRACT

SEPTEMBER 2022